# Press Release by Ministry of Health and Family Welfare (14|03|2020)

March 14, 2020

## ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦਾ ਪ੍ਰੈਸ ਰਿਲੀਜ਼ (14|03|2020)

14 ਮਾਰਚ, 2020

ਭਾਰਤ ਸਰਕਾਰ ਨੇ ਕੋਵਿਡ -19 ਦੀ ਕਾਰਗਰ ਰੋਕਥਾਮ, ਇਸਦੇ ਫੈਲਾਅ ਨੂੰ ਰੋਕਣ ਅਤੇ ਪ੍ਰਬੰਧਨ ਲਈ ਕਈ ਸਮੇਂ ਸਿਰ ਅਤੇ ਕਿਰਿਆਸ਼ੀਲ ਕਦਮ ਚੁੱਕੇ ਹਨ ਜਿਵੇਂ ਹਵਾਈ ਅੱਡਿਆਂ ਅਤੇ ਸਮੁੰਦਰੀ ਬੰਦਰਗਾਹਾਂ 'ਤੇ ਸਕ੍ਰੀਨਿੰਗ, ਵੀਜ਼ਿਆਂ ਨੂੰ ਮੁਅੱਤਲ ਕਰਨਾ ਅਤੇ ਸਵੈ-ਕੁਆਰੰਟੀਨ।

ਸਾਰੇ ਰਾਜਾਂ/ ਕੇਂਦਰ ਸ਼ਾਸਤ ਪ੍ਰਦੇਸ਼ਾਂ ਅੰਦਰ ਹੋਰ ਹੋਰ ਕੁਵਾਰਨਟੀਨ ਸੁਵਿਧਾਵਾਂ ਦੀ ਸ਼ਿਨਾਖਤ ਕਰਨ, ਆਈਸੋਲੇਸ਼ਨ ਵਾਰਡ ਬਣਾਉਣਾ, ਸਿਹਤ ਸੰਭਾਲ ਕਾਮਿਆਂ ਅਤੇ ਡਾਕਟਰਾਂ ਦੀ ਸਿਖਲਾਈ ਕਰਨ, ਲੋੜੀਂਦੇ ਉਪਕਰਣਾਂ ਦੇ ਪ੍ਰਬੰਧ, PPE, ਦਵਾਈਆਂ, ਮਾਸਕ ਆਦਿ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।

ਕੈਬਿਨੇਟ ਸਕੱਤਰ ਨੇ ਅੱਜ ਵੀਡੀਓ ਕਾਨਫਰੰਸ ਰਾਹੀਂ ਵੱਖ-ਵੱਖ ਰਾਜਾਂ ਦੇ ਮੁੱਖ ਸਕੱਤਰਾਂ ਨਾਲ ਤਿਆਰੀ ਅਤੇ ਕੀਤੀਆਂ ਗਈਆਂ ਕਾਰਵਾਈਆਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਬਚਾਅ ਅਤੇ ਕੰਟਰੋਲ ਦੇ ਉਪਾਵਾਂ 'ਤੇ ਜ਼ੋਰ ਦਿੰਦੇ ਹੋਏ ਲੋੜੀਂਦੇ ਆਈਸੋਲੇਸ਼ਨ ਵਾਰਡ ਬਣਾਉਣ, ਕੁਆਰੰਟੀਨ ਸਹੂਲਤਾਂ ਨੂੰ ਵਧਾਉਣ ਅਤੇ ਪਛਾਣੇ ਗਏ ਦੇਸ਼ਾਂ ਤੋਂ ਭਾਰਤ ਪੁੱਜਣ ਵਾਲ਼ੇ ਯਾਤਰੀਆਂ ਨੂੰ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੁਆਰੰਟੀਨ ਕੀਤੇ ਜਾਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਕੋਵਿਡ-19 ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਚੁੱਕੇ ਗਏ ਕਦਮਾਂ ਦਾ ਵੀ ਜਾਇਜ਼ਾ ਲਿਆ।

ਕਿੱਲਤ ਅਤੇ ਕਾਲਾ ਬਜ਼ਾਰੀ ਨੂੰ ਰੋਕਣ ਲਈ ਭਾਰਤ ਸਰਕਾਰ ਨੇ 30 ਜੂਨ, 2020 ਤੱਕ ਜ਼ਰੂਰੀ ਵਸਤੂਆਂ ਕਾਨੂੰਨ ਅਧੀਨ ਮਾਸਕ ਅਤੇ ਹੈਂਡ ਸੈਨੀਟਾਈਜ਼ਰ ਨੂੰ ਜ਼ਰੂਰੀ ਵਸਤੂਆਂ ਦਾ ਦਰਜਾ ਦਿੱਤਾ ਹੈ। ਜ਼ਰੂਰੀ ਵਸਤੂਆਂ ਕਾਨੂੰਨ ਤਹਿਤ ਰਾਜ ਸਰਕਾਰਾਂ ਨਿਰਮਾਤਾਵਾਂ ਨੂੰ ਇਨ੍ਹਾਂ ਵਸਤੂਆਂ ਦਾ ਉਤਪਾਦਨ ਵਧਾਉਣ ਲਈ ਕਹਿ ਸਕਦੀਆਂ ਹਨ ਤਾਂ ਜੋ ਸਪਲਾਈ ਚੇਨ ਨੂੰ ਨਿਰਵਿਘਨ ਬਣਾਇਆ ਜਾ ਸਕੇ।

ਕੁਝ ਰਾਜਾਂ ਨੇ ਮਹਾਂਮਾਰੀ ਰੋਗ ਐਕਟ, 1897 ਤਹਿਤ ਛੁਆਛੂਤ ਦੀਆਂ ਬਿਮਾਰੀਆਂ ਦੇ ਪ੍ਰਬੰਧਨ ਬਾਰੇ ਯੋਗ ਪ੍ਰਾਵਧਾਨਾਂ ਦੀ ਵਰਤੋਂ ਕੀਤੀ ਹੈ। ਇਸ ਐਕਟ ਅਧੀਨ ਰਾਜ ਸਰਕਾਰਾਂ ਕੁਝ ਉਪਾਅ ਕਰ ਸਕਦੀਆਂ ਹਨ ਜਾਂ ਕਿਸੇ ਵਿਅਕਤੀ ਨੂੰ ਇੰਜ ਕਰਨ ਲਈ ਕਹਿ ਸਕਦੀਆਂ ਹਨ ਜਾਂ ਕਿਸੇ ਵਿਅਕਤੀ ਨੂੰ ਅਜਿਹੀਆਂ ਸ਼ਕਤੀਆਂ ਦੇ ਸਕਦੀਆਂ ਹਨ ਅਤੇ ਜਨਤਕ ਨੋਟਿਸ ਰਾਹੀਂ ਅਜਿਹੇ ਆਰਜ਼ੀ ਨਿਯਮ ਨਿਰਧਾਰਤ ਕਰ ਸਕਦੀਆਂ ਹਨ, ਜਿਨ੍ਹਾਂ ਦਾ ਆਮ ਲੋਕਾਂ ਦੁਆਰਾ ਪਾਲਣ ਕੀਤਾ ਜਾਣਾ ਹੈ।

ਆਪਦਾ ਪ੍ਰਬੰਧਨ ਐਕਟ ਦੇ ਤਹਿਤ ਰਾਜ / ਕੇਂਦਰ ਸ਼ਾਸਤ ਪ੍ਰਦੇਸ਼ ਹੁਣ ਰਾਜ ਸਰਕਾਰਾਂ ਅਤੇ NHM ਦੇ ਫੰਡਾਂ ਤੋਂ ਇਲਾਵਾ ਰਾਜ ਆਪਦਾ ਪ੍ਰਤੀਕਿਰਿਆ ਫੰਡ ਤੋਂ ਵੀ ਫੰਡ ਲੈ ਸਕਦੇ ਹਨ। ਗ੍ਰਿਹ ਮੰਤਰਾਲੇ ਨੇ ਇਸ ਬਾਰੇ ਰਾਜਾਂ / ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਤਫਸੀਲ ਨਾਲ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ।

ਇਸ ਤੋਂ ਛੁੱਟ COVID-19 ਦਾ ਟੈਸਟ ਕਰਨ ਵਾਲੀਆਂ ਪ੍ਰਯੋਗਸ਼ਾਲਾਵਾਂ ਦਾ ਜਾਲ ਵੀ ਹੋਰ ਵੱਡਾ ਕੀਤਾ ਗਿਆ ਹੈ, ਜਿਨ੍ਹਾਂ ਦੀ ਗਿਣਤੀ ਹੁਣ ਕੁਲ ਮਿਲਾ ਕੇ 52 ਹੋ ਗਈ ਹੈ।

ਇਸ ਤੋਂ ਅਲਾਵਾ 30 ਨਾਮਜ਼ਦ ਹਵਾਈ ਅੱਡਿਆਂ 'ਤੇ 11,406 ਫਲਾਈਟਾਂ ਤੋਂ ਉਤਰੇ 12,29,363 ਯਾਤਰੀਆਂ ਦੀ ਸਕ੍ਰੀਨਿੰਗ ਕੀਤੀ ਗਈ ਹੈ। ਇਸ ਤੋਂ ਇਲਾਵਾ, ਆਉਣ ਵਾਲੇ ਸਾਰੇ ਯਾਤਰੀਆਂ ਲਈ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੁਵਾਰਨਟੀਨ ਸੰਬੰਧੀ ਹਦਾਇਤਾਂ ਲਾਗੂ ਕੀਤੀਆਂ ਜਾ ਰਹੀਆਂ ਹਨ।

ਹੁਣ ਤੱਕ ਦੇਸ਼ ਅੰਦਰ ਕੋਵਿਡ -19 ਦੇ 84 ਤਸਦੀਕਸ਼ੁਦਾ ਮਾਮਲੇ ਹਨ। ਇਨ੍ਹਾਂ ਵਿੱਚੋਂ 10 ਮਰੀਜ਼ਾਂ ਨੂੰ ਠੀਕ ਹੋਣ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ ਹੈ। ਇਨ੍ਹਾਂ ਮਰੀਜ਼ਾਂ ਦੇ ਸੰਪਰਕ 'ਚ ਆਏ ਵਿਅਕਤੀਆਂ ਨੂੰ ਲੱਭਣ ਦੇ ਕੰਮ ਦੌਰਾਨ 4000 ਤੋਂ ਵੱਧ ਸੰਪਰਕਾਂ ਦੀ ਪਛਾਣ ਕੀਤੀ ਗਈ ਹੈ, ਜੋ ਨਿਗਰਾਨੀ ਹੇਠ ਰੱਖੇ ਗਏ ਹਨ। ਇਨ੍ਹਾਂ ਮਰੀਜ਼ਾਂ ਦੇ ਸੰਪਰਕ ਵਿਚ ਆਏ ਹੋਰ ਲੋਕਾਂ ਦੀ ਪਛਾਣ ਕੀਤੀ ਜਾ ਰਹੀ ਹੈ।

ਇੱਥੇ ਇਹ ਗੱਲ ਦੁਹਰਾਈ ਜਾਂਦੀ ਹੈ ਕਿ ਭਾਰਤੀ ਨਾਗਰਿਕਾਂ ਨੂੰ ਸਾਰੀਆਂ ਗ਼ੈਰ-ਜ਼ਰੂਰੀ ਵਿਦੇਸ਼ ਯਾਤਰਾਵਾਂ ਤੋਂ ਪਰਹੇਜ਼ ਕਰਨ ਦੀ ਪੁਰਜ਼ੋਰ ਸਲਾਹ ਦਿੱਤੀ ਜਾਂਦੀ ਹੈ ਅਤੇ ਸਰਕਾਰ ਵੱਲੋਂ ਜਾਰੀ ਕੀਤੇ ਗਏ ਮਸ਼ਵਰੇ ਅਨੁਸਾਰ ਜ਼ਿਆਦਾ ਮਾਮਲਿਆਂ ਅਤੇ ਮੌਤਾਂ ਵਾਲੇ ਦੇਸ਼ਾਂ ਵਿਚ ਜਾਣ ਤੋਂ ਗੁਰੇਜ਼ ਕਰਨ ਲਈ ਕਿਹਾ ਜਾਂਦਾ ਹੈ। ਭਾਰਤ ਅੰਦਰ ਵਾਪਸ ਆਉਣ ਵਾਲੇ ਸਾਰੇ ਅੰਤਰਰਾਸ਼ਟਰੀ ਯਾਤਰੀਆਂ ਨੂੰ ਆਪਣੀ ਸਿਹਤ ਦੀ ਸਵੈ-ਨਿਗਰਾਨੀ ਕਰਨੀ ਚਾਹੀਦੀ ਹੈ ਅਤੇ ਸਰਕਾਰ ਵੱਲੋਂ ਦੱਸੇ ਗਏ ਜ਼ਰੂਰੀ ਉਪਾਵਾਂ ਅਤੇ ਸਾਵਧਾਨੀਆਂ ਦੀ ਪਾਲਣਾ ਕਰਨੀ ਚਾਹੀਦੀ ਹੈ।

DISCLAIMER : This is an approximate translation. The original is available in English on MEA's website and may be referred to as the official press release.